ਨੰ:1/41/96-ਰਸ1/1575

ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜ਼ਰਵੇਸ਼ਨ ਸੈਲ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ,
ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ-ਕੋਰਟ,
ਰਾਜ ਦੇ ਸਮੂਹ ਡਿਪਟੀ ਕਮਿਸ਼ਨਰ,
ਸਮੂਹ ਜ਼ਿਲ੍ਹਾ ਤੇ ਸੈਸ਼ਨ ਜੱਜ, ਅਤੇ
ਸਮੂਹ ਉਪ ਮੰਡਲ ਅਫਸਰ(ਸਿਵਲ)।

ਮਿਤੀ, ਚੰਡੀਗੜ੍ਹ: 3/11/09

ਵਿਸ਼ਾ:- ਅਨੁਸੂਚਿਤ-ਜਾਤੀਆਂ ਅਤੇ ਪਛੜੀਆਂ-ਸ਼੍ਰੇਣੀਆਂ ਜਾਤੀ ਸਰਟੀਫਿਕੇਟਾਂ ਦੀ ਨਿਯੁਕਤੀਆਂ ਜਾਂ ਵਿਦਿਅਕ ਸੰਸਥਾਵਾਂ ਵਿੱਚ ਦਾਖਲਿਆਂ ਲਈ ਪ੍ਰਮਾਣਿਕਤਾ ਬਾਰੇ।

***

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ:1/41/96-ਰਸ1/992-1005, ਮਿਤੀ 18-8-2004 ਵੱਲ ਦਿਵਾਉਂਦੇ ਹੋਏ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਅਨੁਸੂਚਿਤ-ਜਾਤੀਆਂ ਅਤੇ ਪਛੜੀਆਂ-ਸ਼੍ਰੇਣੀਆਂ ਦੇ ਉਮੀਦਵਾਰਾਂ ਨੂੰ ਸਰਕਾਰ ਵਲੋਂ ਇਸ ਪੱਤਰ ਨਾਲ ਜਾਰੀ ਕੀਤੇ ਗਏ ਨਿਰਧਾਰਤ ਪ੍ਰੋਫਾਰਮਿਆਂ ਵਿੱਚ ਜਾਤੀ ਸਰਟੀਫਿਕੇਟ ਜਾਰੀ ਕੀਤੇ ਜਾਂਦੇ ਹਨ। ਪਰ ਵੱਖ-ਵੱਖ ਦਫਤਰਾਂ, ਵਿਦਿਅਕ ਸੰਸਥਾਵਾਂ ਅਤੇ ਅਰਧ ਸਰਕਾਰੀ ਅਦਾਰਿਆਂ ਵਲੋਂ ਆਪਣੇ ਦੁਆਰਾ ਨਿਰਧਾਰਤ ਕੀਤੇ ਗਏ ਪ੍ਰੋਫਾਰਮਿਆਂ ਵਿੱਚ ਜਾਤੀ ਸਰਟੀਫਿਕੇਟ ਬਣਵਾ ਕੇ ਪੇਸ਼ ਕਰਨ ਲਈ ਉਮੀਦਵਾਰਾਂ ਨੂੰ ਕਿਹਾ ਜਾਂਦਾ ਹੈ। ਸਰਕਾਰ ਵਲੋਂ ਆਪਣੇ ਪੱਤਰ ਮਿਤੀ 18-8-2004 ਰਾਹੀਂ ਪਹਿਲਾਂ ਹੀ ਸਪੱਸ਼ਟ ਤੌਰ ਤੇ ਲਿਖਿਆ ਗਿਆ ਸੀ ਕਿ ਇਸ ਪੱਤਰ ਨਾਲ ਨੱਥੀ ਪ੍ਰੋਫਾਰਮਿਆਂ ਵਿੱਚ ਸਮਰੱਥ ਅਧਿਕਾਰੀ ਵਲੋਂ ਜਾਰੀ ਕੀਤੇ ਗਏ ਸਰਟੀਫਿਕੇਟਾਂ ਨੂੰ ਹੀ ਜਾਇਜ਼ ਮੰਨਿਆ ਜਾਵੇਗਾ ਅਤੇ ਕੋਈ ਵੀ ਵਿਭਾਗ ਜਾਂ ਅਰਧ ਸਰਕਾਰੀ ਅਦਾਰਾ ਆਪਣੇ ਪੱਧਰ ਤੇ ਨਿਰਧਾਰਤ ਕੀਤੇ ਗਏ ਪ੍ਰੋਫਾਰਮਿਆਂ ਵਿੱਚ ਜਾਤੀ ਸਰਟੀਫਿਕੇਟ ਪ੍ਰਾਪਤ ਕਰਕੇ ਪੇਸ਼ ਕਰਨ ਲਈ ਉਮੀਦਵਾਰਾਂ ਨੂੰ ਮਜਬੂਰ ਨਹੀਂ ਕਰੇਗਾ। ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਵਿਭਾਗ/ਅਰਧ ਸਰਕਾਰੀ ਅਦਾਰੇ ਸਰਕਾਰ ਵਲੋਂ ਨਿਰਧਾਰਤ ਪ੍ਰੋਫਾਰਮਿਆਂ ਵਿੱਚ ਜਾਰੀ ਹੋਏ ਸਰਟੀਫਿਕੇਟਾਂ ਨੂੰ ਮਾਨਤਾ ਦੇਣ ਦੀ ਬਜਾਏ ਆਪਣੇ ਵਲੋਂ ਨਿਰਧਾਰਤ ਪ੍ਰੋਫਾਰਮਿਆਂ ਵਿੱਚ ਸਰਟੀਫਿਕੇਟ ਪ੍ਰਾਪਤ ਕਰਕੇ ਪੇਸ਼ ਕਰਨ ਦੀ ਮੰਗ ਕਰ ਰਹੇ ਹਨ। ਸਬੰਧਤ ਵਿਭਾਗਾਂ/ਅਰਧ ਸਰਕਾਰੀ ਅਦਾਰਿਆਂ ਵਲੋਂ ਅਜਿਹਾ ਕਰਕੇ ਸਰਕਾਰੀ ਹਦਾਇਤਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ।

2. ਉਪਰੋਕਤ ਦਰਸਾਈ ਸਥਿਤੀ ਦੇ ਸਨਮੁੱਖ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਸਰਕਾਰ ਦੇ ਪੱਤਰ ਨੰ:1/41/96-ਰਸ1/992-1005, ਮਿਤੀ 18-8-2004 ਨਾਲ ਭੇਜੇ ਅਨੁਸੂਚਿਤ-ਜਾਤੀ ਸਰਟੀਫਿਕੇਟ ਜਾਰੀ ਕਰਨ ਲਈ ਨਿਰਧਾਰਤ ਪ੍ਰੋਫਾਰਮਿਆਂ ਵਿੱਚ ਸਮਰੱਥ

ਅਧਿਕਾਰੀ ਵਲੋਂ ਜਾਰੀ ਸਰਟੀਫਿਕੇਟਾਂ ਨੂੰ ਹੀ ਜਾਇਜ਼ ਮੰਨਿਆ ਜਾਵੇ ਅਤੇ ਆਪਣੇ ਵਲੋਂ ਕੋਈ ਵੀ ਪ੍ਰੋਫਾਰਮਾ ਨਿਰਧਾਰਤ ਕਰਦੇ ਹੋਏ ਉਮੀਦਵਾਰਾਂ ਤੋਂ ਜਾਤੀ ਸਰਟੀਫਿਕੇਟ ਮੰਗਣ ਤੋਂ ਗੁਰੇਜ਼ ਕੀਤਾ ਜਾਵੇ ਤਾਂ ਜੋ ਜਾਤੀ ਸਰਟੀਫਿਕੇਟਾਂ ਵਿੱਚ ਇਕਸਾਰਤਾ ਬਣੀ ਰਹੇ।

ਵਿਸ਼ਵਾਸਪਾਤਰ,

(ਟੀ.ਕੇ.ਗੋਇਲ)
ਸੰਯੁਕਤ ਸਕੱਤਰ ਭਲਾਈ

ਇਕ ਉਤਾਰਾ ਰਾਜ ਦੇ ਸਮੂਹ ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਤੇ ਲੋੜੀਂਦੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ,

ਰਾਜ ਦੇ ਸਮੂਹ ਵਿੱਤੀ ਕਮਿਸ਼ਨਰ,
ਰਾਜ ਦੇ ਸਮੂਹ ਪ੍ਰਮੁੱਖ ਸਕੱਤਰ,
ਰਾਜ ਦੇ ਸਮੂਹ ਪ੍ਰਬੰਧਕੀ ਸਕੱਤਰ।

ਪੀ:ਵਿ:ਪ:ਨੰ:1/41/96-ਰਸ1/1576 ਮਿਤੀ, ਚੰਡੀਗੜ੍ਹ: 3/11/09

ਪਿੱਠ ਅੰਕਣ ਨੰ:1/41/96-ਰਸ1/1577-1582 ਮਿਤੀ, ਚੰਡੀਗੜ੍ਹ: 3/11/09

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਕਰਨ ਲਈ ਭੇਜਿਆ ਜਾਂਦਾ ਹੈ:-

1) ਵਾਈਸ ਚਾਂਸਲਰ ਅਤੇ ਰਜਿਸਟਰਾਰ,
ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ।

2) ਵਾਈਸ ਚਾਂਸਲਰ ਅਤੇ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

3) ਵਾਈਸ ਚਾਂਸਲਰ ਅਤੇ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

4) ਵਾਈਸ ਚਾਂਸਲਰ ਅਤੇ ਰਜਿਸਟਰਾਰ,
ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ।

5) ਵਾਈਸ ਚਾਂਸਲਰ ਅਤੇ ਰਜਿਸਟਰਾਰ, ਪੰਜਾਬ,
ਤਕਨੀਕੀ ਯੂਨੀਵਰਸਿਟੀ, ਜਲੰਧਰ ਅਤੇ

6) ਵਾਈਸ ਚਾਂਸਲਰ ਅਤੇ ਰਜਿਸਟਰਾਰ,
ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ
ਸਾਇੰਸ, ਫਰੀਦਕੋਟ।

ਸੰਯੁਕਤ ਸਕੱਤਰ ਭਲਾਈ